ਧਨਾਸਰੀ ਮਃ ੫ ॥ ਸੋ ਕਤ ਡਰੈ ਜਿ ਖਸਮੁ ਸਮ੍ਾਰੈ ॥ ਡਰਿ ਡਰਿ ਪਚੇ ਮਨਮੁਖ ਵੇਚਾਰੇ ॥੧॥ ਰਹਾਉ ॥ ਸਿਰ ਊਪਰਿ ਮਾਤ ਪਿਤਾ ਗੁਰਦੇਵ ॥ ਸਫਲ ਮੂਰਤਿ ਜਾ ਕੀ ਨਿਰਮਲ ਸੇਵ ॥ ਏਕੁ ਨਿਰੰਜਨੁ ਜਾ ਕੀ ਰਾਸਿ ॥ ਮਿਲਿ ਸਾਧਸੰਗਤਿ ਹੋਵਤ ਪਰਗਾਸ ॥੧॥ ਜੀਅਨ ਕਾ ਦਾਤਾ ਪੂਰਨ ਸਭ ਠਾਇ ॥ ਕੋਟਿ ਕਲੇਸ ਮਿਟਹਿ ਹਰਿ ਨਾਇ ॥ ਜਨਮ ਮਰਨ ਸਗਲਾ ਦੁਖੁ ਨਾਸੈ ॥ ਗੁਰਮੁਖਿ ਜਾ ਕੈ ਮਨਿ ਤਨਿ ਬਾਸੈ ॥੨॥ ਜਿਸ ਨੋ ਆਪਿ ਲਏ ਲੜਿ ਲਾਇ ॥ ਦਰਗਹ ਮਿਲੈ ਤਿਸੈ ਹੀ ਜਾਇ ॥ ਸੇਈ ਭਗਤ ਜਿ ਸਾਚੇ ਭਾਣੇ ॥ ਜਮਕਾਲ ਤੇ ਭ ਏ ਨਿਕਾਣੇ ॥ ੩ ॥ ਸਾਚਾ ਸਾਹਿਬੁ ਸਚੁ ਦਰਬਾਰੁ ॥ ਕੀਮਤਿ ਕਉਣੁ ਕਹੈ ਬੀਚਾਰੁ ॥ ਘਟਿ ਘਟਿ ਅੰਤਰਿ ਸਗਲ ਅਧਾਰੁ ॥ ਨਾਨਕੁ ਜਾਚੈ ਸੰਤ ਰੇਣਾਰੁ ॥ ੪ ॥੩ ॥੨੪ ॥ {ਪੰਨਾ 677}

ਪਦਅਰਥ:- ਕਤ—ਕਿੱਥੇ? ਜਿ—ਜੇਹੜਾ। ਸਮ੍ਾਰੈ—ਹਿਰਦੈ ਵਿਚ ਵਸਾਈ ਰੱਖਦਾ ਹੈ। ਡਰਿ—ਡਰ ਕੇ। ਪਚੇ—ਖ਼ੁਆਰ ਹੋਏ। ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ। ਵੇਚਾਰੇ—ਅਨਾਥ।1। ਰਹਾਉ।

ਗੁਰਦੇਵ—ਸਭ ਤੋਂ ਵੱਡਾ ਪ੍ਰਕਾਸ਼-ਰੂਪ ਪ੍ਰਭੂ। ਸਫਲ ਮੂਰਤਿ—ਜਿਸ ਦੇ ਦੀਦਾਰ ਨਾਲ ਸਾਰੇ ਫਲ ਪ੍ਰਾਪਤ ਹੋ ਜਾਂਦੇ ਹਨ। ਜਾ ਕੀ—ਜਿਸ ਪਰਮਾਤਮਾ ਦੀ। ਨਿਰਮਲ—ਪਵਿਤ੍ਰ ਕਰਨ ਵਾਲੀ। ਜਾ ਕੀ ਰਾਸਿ—ਜਿਸ ਮਨੁੱਖ ਦੀ ਪੂੰਜੀ। ਪਰਗਾਸ—ਆਤਮਕ ਜੀਵਨ ਦਾ ਚਾਨਣ।1।

ਪੂਰਨ—ਵਿਆਪਕ। ਸਭ ਠਾਇ—ਹਰ ਥਾਂ ਵਿਚ। ਕੋਟਿ—ਕ੍ਰੋੜਾਂ। ਨਾਇ—ਨਾਮ ਦੀ ਰਾਹੀਂ। ਗੁਰਮੁਖਿ—ਗੁਰੂ ਦੀ ਰਾਹੀਂ। ਜਾ ਕੈ ਮਨਿ—ਜਿਸ ਮਨੁੱਖ ਦੇ ਮਨ ਵਿਚ। ਬਾਸੈ—ਵੱਸਦਾ ਹੈ।2।

ਜਿਸ ਨੋ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ}। ਲੜਿ—ਲੜ ਨਾਲ, ਪੱਲੇ ਨਾਲ। ਜਾਇ—ਥਾਂ। ਜਿ—ਜੇਹੜੇ। ਸਾਚੇ—ਸਦਾ-ਥਿਰ ਪ੍ਰਭੂ ਨੂੰ। ਨਿਕਾਣੇ—ਨਿਡਰ, ਬੇ-ਮੁਥਾਜ।3।

ਸਾਚਾ—ਸਦਾ ਕਾਇਮ ਰਹਿਣ ਵਾਲਾ। ਘਟਿ ਘਟਿ—ਹਰੇਕ ਘਟ ਵਿਚ। ਅੰਤਰਿ—(ਸਭਨਾਂ ਦੇ) ਅੰਦਰ। ਅਧਾਰੁ—ਆਸਰਾ। ਜਾਚੈ—ਮੰਗਦਾ ਹੈ। ਰੇਣਾਰੁ—ਚਰਨ-ਧੂੜ।4।

ਅਰਥ:- ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਨਿਮਾਣੇ (ਮੌਤ ਆਦਿਕ ਤੋਂ ਡਰ ਕੇ) ਡਰ ਡਰ ਕੇ ਖ਼ੁਆਰ ਹੁੰਦੇ ਰਹਿੰਦੇ ਹਨ, ਪਰ ਜੇਹੜਾ ਮਨੁੱਖ ਖਸਮ-ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ, ਉਹ ਕਿਤੇ ਭੀ ਨਹੀਂ ਡਰਦਾ।1। ਰਹਾਉ।

ਹੇ ਭਾਈ! ਜਿਸ ਪਰਮਾਤਮਾ ਦਾ ਦਰਸਨ ਕੀਤਿਆਂ ਸਾਰੇ ਫਲ ਪ੍ਰਾਪਤ ਹੁੰਦੇ ਹਨ ਜਿਸ ਦੀ ਸੇਵਾ-ਭਗਤੀ ਪਵਿਤ੍ਰ ਜੀਵਨ ਵਾਲਾ ਬਣਾ ਦੇਂਦੀ ਹੈ, ਉਸ ਪ੍ਰਕਾਸ਼-ਰੂਪ ਪ੍ਰਭੂ ਨੂੰ ਮਾਤਾ ਪਿਤਾ ਵਾਂਗ ਜੇਹੜਾ ਮਨੁੱਖ ਆਪਣੇ ਸਿਰ ਉਤੇ (ਰਾਖਾ ਸਮਝਦਾ ਹੈ), ਮਾਇਆ ਤੋਂ ਨਿਰਲੇਪ ਪ੍ਰਭੂ ਦਾ ਨਾਮ ਹੀ ਜਿਸ ਮਨੁੱਖ (ਦੇ ਆਤਮਕ ਜੀਵਨ) ਦਾ ਸਰਮਾਇਆ ਬਣ ਜਾਂਦਾ ਹੈ, ਸਾਧ ਸੰਗਤਿ ਵਿਚ ਮਿਲ ਕੇ ਉਸ ਮਨੁੱਖ ਦੇ ਅੰਦਰ ਜੀਵਨ-ਚਾਨਣ ਹੋ ਜਾਂਦਾ ਹੈ।1।

ਹੇ ਭਾਈ! ਜੇਹੜਾ ਪਰਮਾਤਮਾ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ, ਜੋ ਹਰ ਥਾਂ ਮੌਜੂਦ ਹੈ, ਜਿਸ ਪ੍ਰਭੂ ਦੇ ਨਾਮ ਵਿਚ ਜੁੜਿਆਂ ਕ੍ਰੋੜਾਂ ਦੁੱਖ-ਕਲੇਸ਼ ਮਿਟ ਜਾਂਦੇ ਹਨ, ਗੁਰੂ ਦੀ ਰਾਹੀਂ ਉਹ ਪ੍ਰਭੂ ਜਿਸ ਮਨੁੱਖ ਦੇ ਮਨ ਵਿਚ ਹਿਰਦੇ ਵਿਚ ਆ ਵੱਸਦਾ ਹੈ, ਉਸ ਦਾ ਜਨਮ ਮਰਨ ਦਾ ਸਾਰਾ ਦੁੱਖ ਨਾਸ ਹੋ ਜਾਂਦਾ ਹੈ।2।

ਹੇ ਭਾਈ! ਪਰਮਾਤਮਾ ਜਿਸ ਮਨੁੱਖ ਨੂੰ ਆਪ ਆਪਣੇ ਲੜ ਲਾ ਲੈਂਦਾ ਹੈ, ਉਸੇ ਨੂੰ ਹੀ ਪਰਮਾਤਮਾ ਦੀ ਹਜ਼ੂਰੀ ਵਿਚ ਥਾਂ ਮਿਲਦੀ ਹੈ। ਹੇ ਭਾਈ! ਉਹੀ ਮਨੁੱਖ ਪਰਮਾਤਮਾ ਦੇ ਭਗਤ ਅਖਵਾ ਸਕਦੇ ਹਨ, ਜੇਹੜੇ ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ। ਉਹ ਮਨੁੱਖ ਮੌਤ ਤੋਂ ਨਿਡਰ ਹੋ ਜਾਂਦੇ ਹਨ।3।

ਹੇ ਭਾਈ! ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦਾ ਦਰਬਾਰ (ਭੀ) ਸਦਾ ਕਾਇਮ ਰਹਿਣ ਵਾਲਾ ਹੈ। ਕੋਈ ਮਨੁੱਖ ਉਸ ਦੀ ਕੀਮਤ ਦੀ ਵਿਚਾਰ ਨਹੀਂ ਕਰ ਸਕਦਾ। ਉਹ ਪ੍ਰਭੂ ਹਰੇਕ ਸਰੀਰ ਵਿਚ ਵੱਸਦਾ ਹੈ, (ਸਭ ਜੀਵਾਂ ਦੇ) ਅੰਦਰ ਵੱਸਦਾ ਹੈ, ਸਭ ਜੀਵਾਂ ਦਾ ਆਸਰਾ ਹੈ। ਨਾਨਕ ਉਸ ਪ੍ਰਭੂ ਦੇ ਸੰਤ ਜਨਾਂ ਦੀ ਚਰਨ-ਧੂੜ ਮੰਗਦਾ ਹੈ।4।3। 24।